# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਵਾਰਡ ਨੰ: 31 ਦੇ ਰੇਲਵੇ ਮੰਡੀ ਪਾਰਕ ਦਾ 30 ਲੱਖ ਰੁਪਏ ਨਾਲ ਕੀਤਾ ਜਾਵੇਗਾ ਕਾਇਆਕਲਪ.......ਮੇਅਰ ਸ਼ਿਵ ਸੂਦ

ਹੁਸ਼ਿਆਰਪੁਰ 25 ਅਕਤੂਬਰ ਮੁੱਖ ਮੰਤਰੀ ਪੰਜਾਬ ਵਲੋਂ ਪਿਛਲੇ ਦਿਨੀ ਹੁਸ਼ਿਆਰਪੁਰ ਵਿਖੇ ਕੀਤੇ ਸੰਗਤ ਦਰਸ਼ਨ ਦੌਰਾਨ ਵੱਖ ਵੱਖ ਵਾਰਡਾਂ ਦੇ ਵਿਕਾਸ ਕਾਰਜਾਂ ਲਈ ਫੰਡ ਜਾਰੀ ਕੀਤੇ ਹਨ ਜਿਨਾਂ ਵਿਚ ਵਾਰਡ ਨੰ: 31 ਵਿਖੇ ਬਣ ਰਹੇ ਪਾਰਕ ਦੇ ਨਵੀਨੀਕਰਨ ਲਈ 30 ਲੱਖ ਰੁਪਏ ਪ੍ਰਵਾਨ ਕੀਤੇ ਹਨ ਜਿਸ ਨਾਲ ਇਸ ਪਾਰਕ ਦੀ ਕਾਇਆਕਲਪ ਕੀਤੀ ਜਾਵੇਗੀ। ਇਹ ਜਾਣਕਾਰੀ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਦਿੰਦਿਆ ਦੱਸਿਆ ਕਿ ਵਾਰਡ ਨੰ: 31 ਦੇ ਰੇਲਵੇ ਮੰਡੀ ਪਾਰਕ ਦੇ ਨਵ-ਨਿਰਮਾਣ ਦਾ ਕੰਮ ਪਹਿਲਾਂ ਹੀ ਚੱਲ ਰਿਹਾ ਹੈ ਜਿਸ ਤੇ 30 ਲੱਖ ਰੁਪਏ ਹੋਰ ਖਰਚ ਕੀਤੇ ਜਾ ਰਹੇ ਹਨ। ਉਹਨਾਂ ਦੱਸਿਆ ਕਿ ਇਸੇ ਤਰਾਂ ਵਾਰਡ ਨੰ: 50 ਵਿਚ ਧਰਮਸ਼ਾਲਾ ਦੇ ਨਿਰਮਾਣ ਲਈ 10 ਲੱਖ ਰੁਪਏ ਅਤੇ ਆਂਗਣਵਾੜੀ ਸੈਂਟਰ ਦੇ ਨਿਰਮਾਣ ਲਈ 3 ਲੱਖ ਰੁਪਏ ਖਰਚ ਕੀਤੇ ਜਾ ਰਹੇ ਹਨ। ਉਹਨਾਂ ਹੋਰ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ: ਪਰਕਾਸ਼ ਸਿੰਘ ਬਾਦਲ ਵਲੋਂ ਨਗਰ ਨਿਗਮ ਹੁਸ਼ਿਆਰਪੁਰ ਦੇ ਵੱਖ ਵੱਖ ਵਾਰਡਾਂ ਵਿਚ ਵਿਕਾਸ ਕਾਰਜਾਂ ਲਈ ਦਿੱਤੇ 4.78 ਕਰੋੜ ਰੁਪਏ ਨਾਲ ਵਿਕਾਸ ਕਾਰਜ ਜਲਦੀ ਹੀ ਸ਼ੁਰੂ ਕਰਵਾਏ ਜਾ ਰਹੇ ਹਨ।